# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 27-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪਹਿਲਗਾਮ ਦਹਸ਼ਤਗਰਦੀ ਹਮਲੇ ਦੇ ਦੋਸ਼ੀਆਂ ਤੇ ਸਾਜ਼ਿਸ਼ਕਾਰਾਂ ਨੂੰ ਢੁਕਵਾਂ ਜਵਾਬ ਦਿੱਤਾ ਜਾਵੇਗਾ, ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿਚ ਰਾਸ਼ਟਰ ਨੂੰ ਕੀਤਾ ਸੰਬੋਧਨ।
- ਕੇਂਦਰੀ ਸੁਰੱਖਿਆ ਕਮੇਟੀ ਵੱਲੋਂ ਪਾਕਿਸਤਾਨੀ ਨਾਗਰਿਕਾਂ ਲਈ ਸਾਰਕ ਵੀਜ਼ਾ ਪਾਬੰਦੀ ਤਹਿਤ 537 ਪਾਕਿਸਤਾਨੀ ਨਾਗਰਿਕ ਆਪਣੇ ਦੇਸ਼ ਵਾਪਸ ਪਰਤੇ।
- ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ 'ਦੌੜਦਾ ਪੰਜਾਬ' ਮੈਰਾਥਨ ਦਾ ਆਯੋਜਨ- 6500 ਤੋਂ ਵੱਧ ਲੋਕਾਂ ਨੇ ਨਸ਼ਿਆਂ ਖਿਲਾਫ਼ ਲੜਨ ਦੀ ਚੁੱਕੀ ਸਹੁੰ।
- ਜਲੰਧਰ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਲੋਂ ਉਸਾਰੀਆਂ ਗੈਰ ਕਾਨੂੰਨੀ ਉਸਾਰੀਆਂ ਨੂੰ ਢਾਹਿਆ।

- IPL ਕ੍ਰਿਕਟ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਰਾਇਲ ਚੈਲੇਂਜਰਜ਼ ਬੈਂਗਲੁਰੂ ਨਾਲ ਹੋਵੇਗਾ।

-----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜ਼ੋਰ ਦੇ ਕੇ ਕਿਹਾ ਏ ਕਿ ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਦੋਸ਼ੀਆਂ ਤੇ ਸਾਜ਼ਿਸ਼ਕਾਰਾਂ ਨੂੰ ਢੁਕਵਾਂ ਜਵਾਬ ਦਿੱਤਾ ਜਾਵੇਗਾ। ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿਚ ਰਾਸ਼ਟਰ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਮੋਦੀ ਨੇ ਇਸ ਮਹੀਨੇ ਦੀ 22 ਤਰੀਕ ਨੂੰ ਪਹਿਲਗਾਮ ਵਿਚ ਹੋਏ ਦਹਿਸ਼ਤਗਰਦੀ ਹਮਲੇ 'ਤੇ ਦੁੱਖ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਇਹ ਹਮਲਾ ਦਹਿਸ਼ਤਗਰਦਾਂ ਦੇ ਸਰਪ੍ਰਸਤਾਂ ਦੀ ਨਿਰਾਸ਼ਾ ਤੇ ਕਾਇਰਤਾ ਨੂੰ ਦਰਸਾਉਂਦਾ ਏ। ਉਨ੍ਹਾਂ ਕਿਹਾ ਕਿ ਭਾਰਤ ਤੇ ਜੰਮੂ-ਕਸ਼ਮੀਰ ਦੇ ਦੁਸ਼ਮਣ ਇਸ ਗੱਲ ਤੋਂ ਖੁਸ਼ ਨਹੀਂ ਸਨ ਕਿ ਕਸ਼ਮੀਰ ਵਿਚ ਸ਼ਾਂਤੀ ਵਾਪਸ ਆ ਰਹੀ ਏ, ਲੋਕਤੰਤਰ ਮਜ਼ਬੂਤ ਹੋ ਰਿਹਾ ਏ ਤੇ ਸੈਲਾਨੀ ਰਿਕਾਰਡ ਦਰ ਨਾਲ ਵਧ ਰਹੇ ਨੇ। ਸ਼੍ਰੀ ਮੋਦੀ ਨੇ ਕਿਹਾ ਕਿ ਦਹਿਸ਼ਤਗਰਦਾਂ ਤੇ ਦਹਿਸ਼ਤਵਾਦ ਦੇ ਸਰਪ੍ਰਸਤਾਂ ਨੇ ਸਾਜ਼ਿਸ਼ ਨੂੰ ਅੰਜਾਮ ਦਿੱਤਾ ਕਿਉਂਕਿ ਉਹ ਚਾਹੁੰਦੇ ਨੇ ਕਿ ਕਸ਼ਮੀਰ ਨੂੰ ਦੁਬਾਰਾ ਤਬਾਹ ਕੀਤਾ ਜਾਵੇ। ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ

ਦਹਿਸ਼ਤਗਰਦੀ ਵਿਰੁੱਧ ਇਸ ਜੰਗ ਵਿੱਚ ਸਭ ਤੋਂ ਵੱਡੀ ਤਾਕਤ 140 ਕਰੋੜ ਭਾਰਤੀਆਂ ਦੀ ਏਕਤਾ ਏ । byte-----

ਉਨ੍ਹਾਂ ਕਿਹਾ ਕਿ ਇਹ ਏਕਤਾ ਦਹਿਸ਼ਤਗਰਦੀ ਵਿਰੁੱਧ ਦੇਸ਼ ਦੀ ਫੈਸਲਾਕੁੰਨ ਲੜਾਈ ਦਾ ਆਧਾਰ ਏ । ਉਨ੍ਹਾਂ ਇਸ ਚੁਣੌਤੀ ਦਾ ਸਾਹਮਣਾ ਕਰਨ ਦੇ ਇਰਾਦੇ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਇਕ ਰਾਸ਼ਟਰ ਵਜੋਂ ਮਜ਼ਬੂਤ ਇੱਛਾ ਸ਼ਕਤੀ ਦਾ ਪ੍ਰਦਰਸ਼ਨ ਕਰਨਾ ਪਵੇਗਾ । ਪ੍ਰਧਾਨ ਮੰਤਰੀ ਨੇ ਕਿਹਾ ਕਿ ਹਮਲੇ ਤੋਂ ਬਾਅਦ ਦੁਨੀਆ ਭਰ ਤੋਂ ਲਗਾਤਾਰ ਸੰਵੇਦਨਾਵਾਂ ਪ੍ਰਗਟ ਕੀਤੀਆਂ ਜਾ ਰਹੀਆਂ ਨੇ । ਉਨ੍ਹਾਂ ਕਿਹਾ ਕਿ ਵਿਸ਼ਵ ਨੇਤਾਵਾਂ ਨੇ ਉਨ੍ਹਾਂ ਨੂੰ ਫੋਨ ਕੀਤਾ ਏ ਤੇ ਇਸ ਘਿਨਾਉਣੇ ਹਮਲੇ ਦੀ ਸਖ਼ਤ ਨਿੰਦਾ ਕਰਦੇ ਹੋਏ ਪੱਤਰ ਲਿਖੇ ਨੇ । ਸ੍ਰੀ ਮੋਦੀ ਨੇ ਕਿਹਾ ਕਿ ਪੂਰੀ ਦੁਨੀਆ ਦਹਿਸ਼ਤਗਰਦ ਵਿਰੁੱਧ ਦੇਸ਼ ਦੀ ਲੜਾਈ ਵਿਚ 140 ਕਰੋੜ ਭਾਰਤੀਆਂ ਦੇ ਨਾਲ ਖੜ੍ਹੀ ਏ । ਉਨ੍ਹਾਂ ਪ੍ਰਭਾਵਿਤ ਪਰਿਵਾਰਾਂ ਨੂੰ ਭਰੋਸਾ ਦਿੱਤਾ ਕਿ ਇਨਸਾਫ਼ ਮਿਲੇਗਾ।

---------------------------------------------------------------------

ਪਾਕਿਸਤਾਨੀ ਨਾਗਰਿਕਾਂ ਲਈ ਸਾਰਕ ਵੀਜ਼ਾ ਪਾਬੰਦੀ 'ਤੇ ਕੇਂਦਰੀ ਸੁਰੱਖਿਆ ਕਮੇਟੀ ਦੇ ਫੈਸਲੇ ਤੇ ਇਸ ਪ੍ਰਬੰਧ ਅਧੀਨ ਭਾਰਤ ਵਿਚ ਮੌਜੂਦਾ ਲੋਕਾਂ ਨੂੰ 48 ਘੰਟਿਆਂ ਦੇ ਅੰਦਰ-ਅੰਦਰ ਚਲੇ ਜਾਣ ਦੀਆਂ

ਹਦਾਇਤਾਂ ਦੇ ਮੱਦੇਨਜ਼ਰ, 537 ਪਾਕਿਸਤਾਨੀ ਨਾਗਰਿਕ ਆਪਣੇ ਦੇਸ਼ ਵਾਪਸ ਗਏ ਨੇ । ਇਨ੍ਹਾਂ ਵਿਚੋਂ 237 ਅੱਜ ਅੰਮ੍ਰਿਤਸਰ ਵਿੱਚ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ ਰਾਹੀਂ ਆਪਣੇ ਦੇਸ਼ ਵਾਪਸ ਪਰਤ ਆਏ ਨੇ । ਇਹ ਫੈਸਲਾ 22 ਅਪ੍ਰੈਲ, 2025 ਨੂੰ ਕਸ਼ਮੀਰ ਦੇ ਪਹਿਲਗਾਮ ਵਿੱਚ ਮਾਸੂਮ ਸੈਲਾਨੀਆਂ 'ਤੇ ਹੋਏ ਹਮਲੇ ਦੇ ਮੱਦੇਨਜ਼ਰ ਲਿਆ ਗਿਆ ਏ । ਇਸ ਦੌਰਾਨ, ਪ੍ਰੋਟੋਕੋਲ ਅਫਸਰ ਅਰੁਣ ਮਾਹਲ ਨੇ ਕਿਹਾ ਏ ਕਿ ਪਾਕਿਸਤਾਨੀ ਨਾਗਰਿਕਾਂ ਦੀ ਵਾਪਸੀ ਦੀ ਆਖਰੀ ਤਰੀਕ 29 ਅਪ੍ਰੈਲ, ਤੱਕ ਵਧਾ ਦਿੱਤੀ ਗਈ ਹੈ, ਜਿਸ ਵਿੱਚ ਮੈਡੀਕਲ ਵੀਜ਼ਾ ਧਾਰਕ ਵੀ ਸ਼ਾਮਲ ਨੇ ।

**byte-----**

------------------------------------------------------------------------

ਉੱਤਰਾਖੰਡ ਸਰਕਾਰ ਨੇ ਚਾਰ ਧਾਮ ਅਤੇ ਹੇਮਕੁੰਟ ਸਾਹਿਬ ਯਾਤਰਾ ਲਈ ਰਜਿਸਟ੍ਰੇਸ਼ਨ ਕਰਵਾਉਣ ਵਾਲੇ 77 ਪਾਕਿਸਤਾਨੀ ਨਾਗਰਿਕਾਂ ਦੀ ਰਜਿਸਟ੍ਰੇਸ਼ਨ ਰੱਦ ਕਰ ਦਿੱਤੀ ਏ । ਇਹ ਫੈਸਲਾ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਦਿੱਤਾ ਗਿਆ ਏ । ਇਹ ਐਲਾਨ ਸੂਬੇ ਦੇ ਸੈਰ-ਸਪਾਟਾ ਅਤੇ ਸੱਭਿਆਚਾਰ ਮੰਤਰੀ ਸਤਪਾਲ ਮਹਾਰਾਜ ਨੇ ਕੀਤਾ। ਸਤਪਾਲ ਮਹਾਰਾਜ ਨੇ ਸਰਕਾਰ ਦੇ ਰੁਖ ਨੂੰ ਸਪੱਸ਼ਟ ਕੀਤਾ ਅਤੇ ਕਿਹਾ ਕਿ ਸੈਰ-ਸਪਾਟਾ

ਅਤੇ ਦਹਿਸ਼ਤਗਰਦੀ ਇਕੱਠੇ ਨਹੀਂ ਚੱਲ ਸਕਦੇ। ਉਨ੍ਹਾਂ ਨੇ ਸਾਰੇ ਸ਼ਰਧਾਲੂਆਂ ਲਈ ਇੱਕ ਸੁਰੱਖਿਅਤ ਅਤੇ ਅਧਿਆਤਮਿਕ ਤੌਰ 'ਤੇ ਸੰਤੁਸ਼ਟੀਜਨਕ ਤਜਰਬੇ ਯਕੀਨੀ ਬਣਾਉਣ ਲਈ ਸੂਬੇ ਦੀ ਵਚਨਬੱਧਤਾ ਨੂੰ ਦੁਹਰਾਇਆ। ਸ਼੍ਰੀ ਮਹਾਰਾਜ ਨੇ ਇਹ ਵੀ ਦੱਸਿਆ ਕਿ ਚਾਰ ਧਾਮ ਯਾਤਰਾ ਦੀਆਂ ਤਿਆਰੀਆਂ ਪੂਰੀਆਂ ਹੋ ਗਈਆਂ ਹਨ। ਹੁਣ ਤੱਕ, 22 ਲੱਖ ਤੋਂ ਵੱਧ ਸ਼ਰਧਾਲੂਆਂ ਨੇ ਔਨਲਾਈਨ ਰਜਿਸਟ੍ਰੇਸ਼ਨ ਕਰਵਾਈ ਏ ਜਿਨ੍ਹਾਂ ਵਿੱਚ 185 ਦੇਸ਼ਾਂ ਦੇ 25 ਹਜ਼ਾਰ ਤੋਂ ਵੱਧ ਅੰਤਰ-ਰਾਸ਼ਟਰੀ ਸ਼ਰਧਾਲੂ ਸ਼ਾਮਲ ਹਨ।

---------------------------------------------------------------------------

‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸੀ.ਟੀ. ਗਰੁੱਪ, ਰੇਡੀਓ ਮਿਰਚੀ, ਥਿੰਦ ਹਸਪਤਾਲ ਤੇ ਲਵਲੀ ਬੇਕ ਸਟੂਡੀਓ ਵਲੋਂ ‘ਦੌੜਦਾ ਪੰਜਾਬ’ ਨਾਂਅ ਹੇਠ ਮੈਰਾਥਨ ਕਰਵਾਈ ਗਈ, ਜਿਸ ਵਿਚ ਵਿਸ਼ੇਸ਼ ਤੌਰ ’ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਤਿੰਨ ਕਿਲੋਮੀਟਰ ਕੈਟਾਗਰੀ ਵਿਚ ਹਿੱਸਾ ਲੈ ਕੇ ਨਸ਼ਿਆਂ ਖਿਲਾਫ਼ ਇਕਜੁੱਟਤਾ ਦਾ ਸੱਦਾ ਦਿੱਤਾ। ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਸਮਾਰੋਹ ਦੌਰਾਨ ਸਭ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਤੇ ਪੁਲਿਸ ਕਮਿਸ਼ਨਰ ਵੱਲੋਂ ਨਸ਼ਾ ਮੁਕਤ ਤੇ ਰੰਗਲੇ ਪੰਜਾਬ ਦੀ ਸਿਰਜਣਾ

ਲਈ ਵੱਡੀ ਗਿਣਤੀ ਵਿਚ ਨੌਜਵਾਨਾਂ ਸਮੇਤ ਕਰੀਬ 6500 ਵਿਅਕਤੀਆਂ ਨੂੰ ਨਸ਼ਿਆਂ ਖਿਲਾਫ਼ ਲੜਨ, ਨਸ਼ਾ ਤਸਕਰਾਂ ਦੀ ਮਦਦ ਕਰਨ ਵਾਲਿਆਂ ਦਾ ਵਿਰੋਧ ਕਰਨ ਤੇ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕਰਨ ਦੀ ਸਹੁੰ ਚੁਕਾਈ ਗਈ। ਸਹੁੰ ਚੁਕਾਉਣ ਉਪਰੰਤ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਤੋਂ ਮੈਰਾਥਨ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜੋ ਕਿ ਵੱਖ-ਵੱਖ ਸਥਾਨਾਂ ਤੋਂ ਹੁੰਦੀ ਹੋਈ ਵਾਪਸ ਸਟੇਡੀਅਮ ਵਿਖੇ ਸਮਾਪਤ ਹੋਈ। ਇਸੇ ਤਰਾਂ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵਲੋਂ ਵੀ ਨਸ਼ਿਆਂ ਵਿਰੁੱਧ ਇਕ ਵਿਸ਼ਾਲ ਜਾਗਰੂਕਤਾ ਰੈਲੀ ਕਾਰਵਾਈ ਗਈ । ਰੈਲੀ ਵਿਚ ਤਰਨ ਤਾਰਨ ਸ਼ਹਿਰ ਦੇ ਵੱਖ-ਵੱਖ ਸਕੂਲਾਂ ਦੇ 5,000 ਤੋਂ ਵੱਧ ਵਿਦਿਆਰਥੀਆਂ, ਪ੍ਰਸ਼ਾਸਨਿਕ ਅਧਿਕਾਰੀਆਂ, ਕਰਮਚਾਰੀਆਂ ਤੇ ਆਮ ਲੋਕਾਂ ਨੇ ਹਿੱਸਾ ਲਿਆ। ਰੈਲੀ ਦੀ ਅਗਵਾਈ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕੀਤੀ । ਉਨ੍ਹਾਂ ਸਾਰੇ ਹਾਜ਼ਰੀਨ ਨੂੰ ਇਸ ਨਸ਼ਾ ਵਿਰੋਧੀ ਮੁਹਿੰਮ ਦਾ ਸਮਰਥਨ ਕਰਨ ਦੀ ਸਹੁੰ ਚੁਕਾਈ।

---

ਜਲੰਧਰ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਮਿਸ਼ਨਰੇਟ ਪੁਲਿਸ ਵਲੋਂ ਪਿੰਡ ਲਖਨਪਾਲ ਵਿਖੇ ਨਸ਼ਾ ਤਸਕਰਾਂ ਵਲੋਂ ਉਸਾਰੀਆਂ ਗਈਆਂ ਗੈਰ ਕਾਨੂੰਨੀ ਉਸਾਰੀਆਂ ਨੂੰ ਢਾਹਿਆ ਗਿਆ ਏ । ਪੰਚਾਇਤ

ਵਿਭਾਗ ਤੇ ਪੁਲਿਸ ਟੀਮਾਂ ਵਲੋਂ ਸਰਕਾਰੀ ਜਮੀਨ ’ਤੇ ਅਣਅਧਿਕਾਰਤ ਢੰਗ ਨਾਲ ਬਣਾਈਆਂ ਗਈਆਂ ਉਸਾਰੀਆਂ ਨੂੰ ਢਾਹਿਆ ਗਿਆ ਏ। ਇਸ ਬਾਰੇ acp babndeep singh ਨੇ ਦੱਸਿਆ ਕਿ**Byte-----**

ਇਸ ਮੌਕੇ ਪਿੰਡ ਵਾਸੀਆਂ ਵਲੋਂ ਨਸ਼ਾ ਮਾਫ਼ੀਆ ਖਿਲਾਫ਼ ਕੀਤੀ ਗਈ ਬੁਲਡੋਜ਼ਰ ਕਾਰਵਾਈ ਦਾ ਸਵਾਗਤ ਕਰਦਿਆਂ ਆਸ ਪ੍ਰਗਟਾਈ ਗਈ ਕਿ ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕੀਤੀ ਜਾ ਰਹੀ ਕਾਰਵਾਈ ਸਦਕਾ ਜਲਦੀ ਹੀ ਪਿੰਡ ਨਸ਼ਾ ਮੁਕਤ ਹੋਵੇਗਾ।ਇਸੇ ਤਰਾਂ ਮੋਗਾ ਪੁਲਿਸ ਨੇ ਜ਼ਿਲੇ ਦੇ ਪਿੰਡ ਦੌਲੇਵਾਲਾ ਵਿਚ ਨਸ਼ਾ ਤਸਕਰਾਂ ਦੇ ਗੈਰ-ਕਾਨੂੰਨੀ ਤੌਰ 'ਤੇ ਬਣਾਏ ਗਏ ਚਾਰ ਘਰਾਂ ਨੂੰ ਢਾਹ ਦਿੱਤਾ ਏ। ਇਹ ਕਾਰਵਾਈ ਐਸ.ਐਸ.ਪੀ. ਅਜੈ ਗਾਂਧੀ ਦੀ ਨਿਗਰਾਨੀ ਹੇਠ ਕੀਤੀ ਗਈ। ਸਰਕਾਰੀ ਜ਼ਮੀਨ 'ਤੇ ਗੈਰ-ਕਾਨੂੰਨੀ ਤੌਰ 'ਤੇ ਬਣਾਏ ਗਏ ਢਾਹ ਦਿੱਤੇ ਗਏ ਘਰ ਬਦਨਾਮ ਨਸ਼ਾ ਤਸਕਰਾਂ ਪਰਮਜੀਤ ਸਿੰਘ, ਲਖਵਿੰਦਰ ਸਿੰਘ, ਬੂਟਾ ਸਿੰਘ ਤੇ ਰਾਜਵਿੰਦਰ ਕੋਰ ਦੇ ਸਨ, ਜਿਨ੍ਹਾਂ 'ਤੇ ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਈ ਅਪਰਾਧਿਕ ਮਾਮਲੇ ਸਨ

------------------------------------------------------------------------

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸੀ.ਟੀ. ਗਰੁੱਪ, ਰੇਡੀਓ ਮਿਰਚੀ, ਥਿੰਦ ਹਸਪਤਾਲ ਤੇ ਲਵਲੀ ਬੇਕ ਸਟੂਡੀਓ ਵਲੋਂ 'ਦੌੜਦਾ ਪੰਜਾਬ' ਨਾਂਅ ਹੇਠ ਮੈਰਾਥਨ ਕਰਵਾਈ ਗਈ, ਜਿਸ ਵਿਚ ਵਿਸ਼ੇਸ਼ ਤੌਰ 'ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਤਿੰਨ ਕਿਲੋਮੀਟਰ ਕੈਟਾਗਰੀ ਵਿਚ ਹਿੱਸਾ ਲੈ ਕੇ ਨਸ਼ਿਆਂ ਖਿਲਾਫ਼ ਇਕਜੁੱਟਤਾ ਦਾ ਸੱਦਾ ਦਿੱਤਾ। ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਸਮਾਰੋਹ ਦੌਰਾਨ ਸਭ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਤੇ ਪੁਲਿਸ ਕਮਿਸ਼ਨਰ ਵੱਲੋਂ ਨਸ਼ਾ ਮੁਕਤ ਤੇ ਰੰਗਲੇ ਪੰਜਾਬ ਦੀ ਸਿਰਜਣਾ ਲਈ ਵੱਡੀ ਗਿਣਤੀ ਵਿਚ ਨੌਜਵਾਨਾਂ ਸਮੇਤ ਕਰੀਬ 6500 ਵਿਅਕਤੀਆਂ ਨੂੰ ਨਸ਼ਿਆਂ ਖਿਲਾਫ਼ ਲੜਨ, ਨਸ਼ਾ ਤਸਕਰਾਂ ਦੀ ਮਦਦ ਕਰਨ ਵਾਲਿਆਂ ਦਾ ਵਿਰੋਧ ਕਰਨ ਤੇ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕਰਨ ਦੀ ਸਹੁੰ ਚੁਕਾਈ ਗਈ। ਸਹੁੰ ਚੁਕਾਉਣ ਉਪਰੰਤ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਤੋਂ ਮੈਰਾਥਨ ਨੂੰ ਝੰਡੀ ਦੇ ਕੇਰਵਾਨਾ ਕੀਤਾ ਗਿਆ, ਜੋ ਕਿ ਵੱਖ-ਵੱਖ ਸਥਾਨਾਂ ਤੋਂ ਹੁੰਦੀ ਹੋਈ ਵਾਪਸ ਸਟੇਡੀਅਮ ਵਿਖੇ ਸਮਾਪਤ ਹੋਈ। ਇਸੇ ਤਰਾਂ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵਲੋਂ ਵੀ ਨਸ਼ਿਆਂ ਵਿਰੁੱਧ ਇਕ ਵਿਸ਼ਾਲ ਜਾਗਰੂਕਤਾ ਰੈਲੀ ਕਾਰਵਾਈ ਗਈ । ਰੈਲੀ ਵਿਚ ਤਰਨ ਤਾਰਨ ਸ਼ਹਿਰ ਦੇ ਵੱਖ-ਵੱਖ

ਸਕੂਲਾਂ ਦੇ 5,000 ਤੋਂ ਵੱਧ ਵਿਦਿਆਰਥੀਆਂ, ਪ੍ਰਸ਼ਾਸਨਿਕ ਅਧਿਕਾਰੀਆਂ, ਕਰਮਚਾਰੀਆਂ ਤੇ ਆਮ ਲੋਕਾਂ ਨੇ ਹਿੱਸਾ ਲਿਆ। ਰੈਲੀ ਦੀ ਅਗਵਾਈ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕੀਤੀ । ਉਨ੍ਹਾਂ ਸਾਰੇ ਹਾਜ਼ਰੀਨ ਨੂੰ ਇਸ ਨਸ਼ਾ ਵਿਰੋਧੀ ਮੁਹਿੰਮ ਦਾ ਸਮਰਥਨ ਕਰਨ ਦੀ ਸਹੁੰ ਚੁਕਾਈ ।

---------------------------------------------------------------------------

ਪੰਜਾਬ ਦੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੋਂਧ ਕਿਹਾ ਕਿ ਸੂਬੇ ਵਿਚ ਪਿੰਡਾਂ ਦੇ ਛੱਪੜਾਂ ਦੀ ਸਫਾਈ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਏ ।ਅੱਜ ਖੰਨਾ ਵਿਖੇ ਦੌਰੇ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿਚ ਲਗਭਗ 15,000 ਛੱਪੜਾਂ ਦੀ ਸਫਾਈ ਕਰ ਰਹੀ ਏ , ਜਿਸ ਤਹਿਤ ਖੰਨਾ ਦੇ ਪਿੰਡ ਭੂਮਾਦੀ ਵਿਚ ਛੱਪੜ ਨੂੰ ਲਗਭਗ 50 ਸਾਲਾਂ ਬਾਅਦ ਸਾਫ਼ ਕੀਤਾ ਗਿਆ ਏ । ਇਸ ਮੌਕੇ ਤਰੁਣਪ੍ਰੀਤ ਸਿੰਘ ਸੋਂਧ ਨੇ ਛੱਪੜ ਦੀ ਸਫਾਈ ਦਾ ਨਿੱਜੀ ਤੌਰ 'ਤੇ ਨਿਰੀਖਣ ਕੀਤਾ। ਪਿੰਡ ਦੇ ਸਰਪੰਚ ਹਰਮਨਦੀਪ ਸਿੰਘ ਨੇ ਮੰਤਰੀ ਨੂੰ ਦੱਸਿਆ ਕਿ ਪਿਛਲੇ ਪੰਜ ਦਹਾਕਿਆਂ ਵਿਚ ਛੱਪੜ ਦੀ ਸਫਾਈ ਨਹੀਂ ਕੀਤੀ ਗਈ । ਹੁਣ, ਗਾਰਾ ਕੱਢਣ ਨਾਲ, ਛੱਪੜ ਨੂੰ ਇਕ ਨਵਾਂ ਰੂਪ ਦਿੱਤਾ ਜਾ ਰਿਹਾ ਏ । ਮੰਤਰੀ ਸੋਂਦ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸਰਕਾਰ ਦੀ ਤਰਜੀਹ ਪਿੰਡਾਂ

ਵਿਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣਾ ਏ, ਜਿਸ ਵਿਚ ਛੱਪੜਾਂ ਦੀ ਮੁਰੰਮਤ, ਰੱਖ-ਰਖਾਅ ਤੇ ਖੇਡ ਮੈਦਾਨਾਂ ਦੇ ਵਿਕਾਸ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ।

----------------------------------------------------------------

- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ ਕਿ ਪਹਿਲਗਾਮ ਦਹਸ਼ਤਗਰਦੀ ਹਮਲੇ ਦੇ ਦੋਸ਼ੀਆਂ ਤੇ ਸਾਜ਼ਿਸ਼ਕਾਰਾਂ ਨੂੰ ਢੁਕਵਾਂ ਜਵਾਬ ਦਿੱਤਾ ਜਾਵੇਗਾ, ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿਚ ਰਾਸ਼ਟਰ ਨੂੰ ਕੀਤਾ ਸੰਬੋਧਨ ।
- ਕੇਂਦਰੀ ਸੁਰੱਖਿਆ ਕਮੇਟੀ ਵੱਲੋਂ ਪਾਕਿਸਤਾਨੀ ਨਾਗਰਿਕਾਂ ਲਈ ਸਾਰਕ ਵੀਜ਼ਾ ਪਾਬੰਦੀ ਤਹਿਤ 537 ਪਾਕਿਸਤਾਨੀ ਨਾਗਰਿਕ ਆਪਣੇ ਦੇਸ਼ ਵਾਪਸ ਪਰਤੇ ।
- ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ‘ਦੌੜਦਾ ਪੰਜਾਬ’ ਮੈਰਾਥਨ ਦਾ ਆਯੋਜਨ- 6500 ਤੋਂ ਵੱਧ ਲੋਕਾਂ ਨੇ ਨਸ਼ਿਆਂ ਖਿਲਾਫ਼ ਲੜਨ ਦੀ ਚੁੱਕੀ ਸਹੁੰ।
- ਜਲੰਧਰ ਵਿਖੇ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨਸ਼ਾ ਤਸਕਰਾਂ ਵਲੋਂ ਉਸਾਰੀਆਂ ਗੈਰ ਕਾਨੂੰਨੀ ਉਸਾਰੀਆਂ ਨੂੰ ਢਾਹਿਆ ।

- IPL ਕ੍ਰਿਕਟ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਰਾਇਲ ਚੈਲੇਂਜਰਜ਼ ਬੈਂਗਲੁਰੂ ਨਾਲ ਹੋਵੇਗਾ।